XI-A

Item no 14 -

No. 11/31/2006-2 Education 3 / 17810
Govt. Of Punjab
Department Education
(Education-3 Branch)

NOTARY BHUWANESHWAR JAIN Regd. No. 916 GOVT. OF INDIA

To

The Principal,
Maya Devi Goel Public School,
Pohir, Distt. Ludhiana
Punjab

Dated, Chandigarh 4/7/06

**Subject:-** **Regarding issuance of No Objection Certificate for getting affiliation with C.B.S.E. New Delhi.**

Sir,

Reffer your letter No. Nil Dated Nil on the above cited subject on the basis of the documents including affidavits produced by the management of your school and after carefull consideration of the recommendations made by Distt. Education Officer (S), Ludhiana and D.P.I. (S.E.) o/o D.P.I. (S.E.), Chandigarh. No Objection certificate is hereby issued by the Punjab Government on the following conditions:-

1. On the basis of any complaint/inspection in future if this fact comes into light that you have applied to the Government with wrong information for obtaining N.O.C. or you are not abiding by the instructions issued by the Govt. from time to time and the written condition in your affidavits, the N.O.C. can be withdrawn in such circumstances.

2. Teaching of Punjabi have upto matric level will be compulsory in your school and C.B.S.E. will make all the arrangements for Punjabi Examination. If it not done, N.O.C. will be withdrawn.

3. After getting affiliation with C.B.S.E school management will be responsible to pay salary and other allowances to the teaching and non/teaching staff at par with Govt. Employees. In violation of the same, N.O.C. will be withdrawn forthwith.

4. You yourself and your school management will make it sure to provide any type of information, as and when demanded by your Distt. Education Officer or by any other Senior Officer of Education Department and you will extend full co-operation to them.

Sd/-
**Special Secretary, School Education**

Endt. No. 11/31/2006-2 Education -3
Dated, Chandigarh

Copy To------

DPI, (SE), Punjab, Chandigarh with reference to his memo No. 15/34-2006/Grant-I(3) Dated 29-06-06 with the request that inspection of the school must be done at least once in every five years and report sent to Punjab Govt. So that it may be judged that instructions of the Govt. being followed positively.

Sd/-
Special Secretary, School Education

True and Correct Translation
from Punjabi to English

Notary, Chandigarh

4 JUL 2006

ਨੰ:11/31/2006-2ਸਿ: 17810

ਪੰਜਾਬ ਸਰਕਾ

ਸਿੱਖਿਆ ਵਿਭਾ

ਸਿੱਖਿਆ-3ਸ਼ਾ

ਸੇਵਾ ਵਿਖੇ,

ਪ੍ਰਿੰਸੀਪਲ,
ਮਾਇਆ ਦੇਵੀ ਗੋਇਲ ਪਬਲਿਕ ਸਕੂਲ, ਪੋਹੀ
ਜਿਲ੍ਹਾ ਲੁਧਿਆਣਾ।

ਮਿਤੀ,ਚੰਡੀਗੜ੍ਹ: 5/7/06

ਵਿਸ਼ਾ:- ਸੀ.ਬੀ..ਐਸ.ਈ.ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:) ਲੁਧਿਆਣਾ, ਅਤੇ ਡੀ.ਪੀ.ਆਈ ਪ੍ਰਾਈਵੇਟ ਏਡਿਡ (ਸ) ਦੀਆਂ ਸਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ..ਐਸ.ਈ. ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

4. ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

04/7/06

ਵਿਸ਼ੇਸ ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ: 11/31/2006-2ਸਿ:3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਈਵੇਟ ਏਡਿਡ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ :15/34-2006-ਗ੍ਰਾਂਟ-1(3) ਮਿਤੀ 29-6.2006 ਦੇ ਹਵਾਲੇ ਵਿੱਚ ਭੇਜ ਕੇ ਬੇਨਤੀ ਕੀਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਵਿਸ਼ੇਸ ਸਕੱਤਰ,ਸਕੂਲ ਸਿੱਖਿਆ